# ਸਰਕਾਰੀ ਮੈਡੀਕਲ ਕਾਲਜ ਪਟਿਆਲਾ

ਨੰ:1(4022)ਈ1/2023/ 19848 **ਦਫਤਰੀ ਹੁਕਮ** ਮਿਤੀ- 22/06/2023

ਪੰਜਾਬ ਸਰਕਾਰ, ਮੈਡੀਕਲ ਸਿਖਿਆ ਤੇ ਖੋਜ ਵਿਭਾਗ (ਸਿਹਤ-3 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਰਾਹੀਂ ਜਾਰੀ ਹਦਾਇਤਾਂ/ਅਧਿਕਾਰਾਂ ਦੇ ਸਨਮੁੱਖ ਇਸ ਦਫਤਰ ਵੱਲੋਂ ਇਸ ਸੰਸਥਾ ਦੇ ਵੱਖ-ਵੱਖ ਵਿਭਾਗਾਂ ਵਿੱਚ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਖਾਲੀ ਆਸਾਮੀਆਂ ਦੀ ਚੋਣ ਕਰਨ ਲਈ ਲੀਡਿੰਗ ਅਖਬਾਰਾਂ ਅਤੇ ਸੰਸਥਾ ਦੀ ਵੈਬ-ਸਾਈਟ ਤੇ ਵਿਗਿਆਪਨ ਨੰ: ਡੀ.ਪੀ.ਆਰ/ਪੀ.ਬੀ/24066 ਅਤੇ ਡੀ.ਪੀ.ਆਰ/ਐਨ.ਏ/12/16428/2023/24066 ਮਿਤੀ 18.05.2023 ਨੂੰ ਪ੍ਰਕਾਸ਼ਿਤ ਕਰਦੇ ਹੋਏ ਬਿਨੈਕਾਰਾਂ ਪਾਸੋਂ ਸੀਨੀਅਰ ਰੈਜੀਡੈਂਟ ਦੀਆਂ ਖਾਲੀ ਆਸਾਮੀਆਂ ਭਰਨ ਲਈ ਮਿਤੀ 31.05.2023 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਸੀ। ਨਿਰਧਾਰਿਤ ਮਿਤੀ ਤੱਕ ਬਿਨੈਕਾਰਾਂ ਪਾਸੋਂ ਪ੍ਰਾਪਤ ਅਰਜੀਆਂ ਘੋਖਣ ਉਪਰੰਤ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਚੋਣ ਕਰਨ ਲਈ ਇਸ ਸੰਸਥਾ ਦੀ ਸਲੈਕਸ਼ਨ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫਾਰਸ਼ਾਂ ਦੇ ਸਨਮੁੱਖ ਯੋਗ ਪਾਏ ਗਏ ਨਿਮਨ ਦਰਸਾਏ ਬਿਨੈਕਾਰਾਂ ਨੂੰ ਸਪੈਸ਼ਲਟੀ/ਸੁਪਰ-ਸਪੈਸ਼ਲਟੀ ਵਿਭਾਗਾਂ ਵਿੱਚ ਇਸ ਸੰਸਥਾ ਵਿਖੇ ਤਿੰਨ ਸਾਲ ਦੇ ਟੈਨਿਓਰ ਲਈ ਬਤੌਰ ਸੀਨੀਅਰ ਰੈਜੀਡੈਂਟ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਚੁਣਿਆ ਜਾਂਦਾ ਹੈ:-

(1) ਸਬੰਧਤ ਡਾਕਟਰਾਂ ਦੀ ਚੋਣ ਇਸ ਸ਼ਰਤ ਤੇ ਕੀਤੀ ਜਾਂਦੀ ਹੈ ਕਿ ਡਾਕੂਮੈਂਟਸ ਵੈਰੀਫਿਕੇਸ਼ਨ/ਯੋਗਤਾ ਚੈਕ ਕਰਨ ਉਪਰੰਤ ਹੀ ਡਾਕਟਰਾਂ ਨੂੰ ਜੁਆਇੰਨ ਕਰਵਾਇਆ ਜਾਵੇਗਾ ਜੇਕਰ ਕਿਸੇ ਡਾਕਟਰ ਦਾ ਸਰਟੀਫਿਕੇਟ ਗਲਤ ਪਾਇਆ ਜਾਂਦਾ ਹੈ ਤਾਂ ਉਸ ਦੀ ਚੋਣ ਰੱਦ ਸਮਝੀ ਜਾਵੇਗੀ।

(2) ਸਬੰਧਤ ਡਾਕਟਰ ਇਹ ਹੁਕਮ ਇਸ ਸੰਸਥਾ ਦੀ ਵੈਬ ਸਾਈਟ (https://gmcpatiala.edu.in) ਤੇ Upload ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਸੰਸਥਾ ਦੇ ਦਫਤਰ ਵਿਖੇ ਹਾਜਰੀ ਰਿਪੋਰਟ ਪੇਸ਼ ਕਰਨਗੇ ਅਤੇ 15 ਦਿਨਾਂ ਦਾ ਜੁਆਇਨਿੰਗ ਸਮਾਂ ਪੂਰਾ ਹੋਣ ਉਪਰੰਤ ਜੁਆਇਨਿੰਗ ਸਮੇ ਵਿਚ ਕਿਸੇ ਵੀ ਤਰ੍ਹਾਂ ਦੇ ਵਾਧੇ ਦੀ ਮੰਗ ਨਹੀਂ ਕਰਨਗੇ।

(3) ਸਬੰਧਤ ਡਾਕਟਰਾਂ ਦੀ ਜਿਸ ਵਿਭਾਗ ਵਿਚ ਬਤੌਰ ਸੀਨੀਅਰ ਰੈਜੀਡੈਂਟ ਚੋਣ ਹੋ ਜਾਵੇਗੀ, ਉਹ ਅੰਤਿਮ ਹੋਵੇਗੀ।

(4) ਸਬੰਧਤ ਡਾਕਟਰਾਂ ਤੇ ਸਰਕਾਰ ਦੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਅਤੇ ਨੋਟੀਫਿਕੇਸ਼ਨ ਮੀਮੋ ਨੰ: ਐਮ.ਈ.ਆਰ-ਐਚ.ਟੀ.ਐਚ307ਏ/125/2021-6 ਐਚ.ਬੀ3/ 2327-32 ਮਿਤੀ 26.08.2022 ਵਿਚ ਦਰਸਾਈਆਂ ਸ਼ਰਤਾਂ/ਨਿਯਮ ਲਾਗੂ ਹੋਣਗੇ।

(5) ਕੈਟਾਗਰੀ 1 ਤੋ 5 ਤੱਕ ਦੇ ਡਾਕਟਰ ਆਪਣੀ ਜੁਆਇਨਿੰਗ ਸਮੇਂ ਪਿੱਤਰੀ ਵਿਭਾਗ ਤੋਂ ਜਾਰੀ ਫਾਰਮਲ ਐਨ.ਓ.ਸੀ ਪੇਸ਼ ਕਰਨਗੇ ਅਤੇ ਪਿੱਤਰੀ ਵਿਭਾਗ ਪਾਸੋਂ ਫਾਰਮਲ ਐਨ.ਓ.ਸੀ ਪੇਸ਼ ਕਰਨ ਦੀ ਸੂਰਤ ਵਿੱਚ ਹੀ ਹਾਜਰ ਕਰਵਾਇਆ ਜਾਵੇਗਾ।

(6) ਕੈਟਾਗਰੀ 7 ਅਧੀਨ ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਡਾਕਟਰਾਂ ਵਿਚੋਂ ਜੇਕਰ ਕੋਈ ਡਾਕਟਰ ਇਸ ਤੋਂ ਪਹਿਲਾਂ ਪੰਜਾਬ ਸਰਕਾਰ ਅਧੀਨ ਕਿਸੇ ਵੀ ਸੰਸਥਾ ਵਿਖੇ ਬਾਂਡਿਡ ਡਾਕਟਰ ਵੱਜੋਂ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ ਤਾ ਉਸ ਡਾਕਟਰ ਵੱਲੋਂ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਲਈ ਹਾਜਰ ਹੋਣ ਸਮੇ ਇਤਰਾਜਹੀਣਤਾ ਸਰਟੀਫਿਕੇਟ ਪੇਸ਼ ਕੀਤਾ ਜਾਵੇਗਾ ਕਿ ਉਹ ਜਿਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ, ਉਸ ਸੰਸਥਾ ਨੂੰ ਡਾਕਟਰ ਦੇ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰਨ ਤੇ ਕੋਈ ਇਤਰਾਜ ਨਹੀਂ ਹੈ।

| ANAESTHESIOLOGY INCLUDING ICCU ETC | | | |
|---|---|---|---|
| S.No. | Name of Doctors | Father Name/Husband Name | Category (1-7) |
| 1 | Dr. Gagandeep Kaur | Dr. Jasvir Singh | 2 |
| 2 | Dr. Nidhi Thakur | Dr. Gurnik Singh | 7 |
| ANATOMY | | | |
| 1 | Dr. Charu Goel | Dr. Anshu Gupta | 7 |
| COMMUNITY MEDICINE INCLUDING PUBLIC HEALTH | | | |
| 1 | Dr. Neha Kaler | Sh. Surinder Kumar | 4 |
| 2 | Dr. Prabhleen Kaur | Sh. Mohinder Singh | 7 |
| 3 | Dr. Govind Maakhni | Sh. Juinder Singh | 7 |
| GENERAL MEDICINE | | | |
| 1 | Dr. Naman Madaan | Sh. Sunil Kumar | 7 |
| 2 | Dr. Harjot Singh | Sh. Kanwalpreet S Oberoi | 7 |
| NEAONATOLOGY | | | |
| 1 | Dr. Navreet Kaur | Sh. Shyam Singh | 7 |
| 2 | Dr. Parminder Kaur | Sh. Harjot Singh | 7 |
| OBSTETRICS AND GYNAECOLOGY | | | |
| 1 | Dr. Gaganpreet Kaur Gill | Sh. Kulwant Singh Gill | 7 |
| 2 | Dr. Kangan | Sh. Sushil Kumar | 7 |
| PAEDIATRICS | | | |
| 1 | Dr. Nikita Beri | Sh. Surinder Kumar Beri | 7 |
| 2 | Dr. Ritu Bala | Sh. Shivanshu Kundal | 7 |
| PHARMACOLOGY | | | |
| 1 | Dr. Shivani Sharma | Sh. Kulbhushan Sharma | 7 |

| | | | |
|---|---|---|---|
| **DERMATOLOGY, VENEREOLOGY AND LEPROSY** | | | |
| 1 | Dr. Shayna Aulakh | Sh. Jasbir Singh | 7 |
| 2 | Dr. Samridhi Gulati | Dr.K.K.Gulati | 7 |
| 3 | Dr. Silky Singla | Sh. Mukesh Kumar Singla | 7 |
| **SURGICAL ONCOLOGY** | | | |
| **S.No.** | **Name of Doctors** | **Father Name/Husband Name** | **Category (1-7)** |
| 1 | Dr. Nippondeep Kaur | Sh. Balminder Singh | 7 |
| **UROLOGY** | | | |
| **S.No.** | **Name of Doctors** | **Father Name/Husband Name** | **Category (1-7)** |
| 1 | Dr. Gagandeep Singh | Sh. Rajinder Singh | 7 |
| **RADIO-DIAGNOSIS** | | | |
| **S.No.** | **Name of Doctors** | **Father Name/Husband Name** | **Category (1-7)** |
| 1 | Dr. Vanita | Sh. Sanjeev Kumar | 7 |

22/6/23

ਡਾਇਰੈਕਟਰ ਪ੍ਰਿੰਸੀਪਲ
ਸਰਕਾਰੀ ਮੈਡੀਕਲ ਕਾਲਜ, ਪਟਿਆਲਾ

ਪਿੱ:ਅੰ:ਨੰ:1(4022)ਈ1/2023/ 19849-91

ਮਿਤੀ- 22/06/2023

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ)।
4. ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
5. ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ, ਚੰਡੀਗੜ੍ਹ।
6. ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ, ਮੋਹਾਲੀ।
7. ਡਾਇਰੈਕਟਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ
8. ਪ੍ਰਿੰਸੀਪਲ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ, ਫਰੀਦਕੋਟ
9. ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
10. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
11. ਇਸ ਸੰਸਥਾ ਦੇ ਸਮੂਹ ਵਿਭਾਗਾਂ ਦੇ ਪ੍ਰੋਫੈਸਰ ਤੇ ਮੁੱਖੀਆਂ/ਯੂਨਿਟ ਇੰਚਾਰਜਾਂ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਉਪਰੋਕਤ ਚੁਣੇ ਗਏ ਉਮੀਦਵਾਰ ਨੂੰ ਸਿੱਧੇ ਤੌਰ ਤੇ ਬਤੌਰ ਸੀਨੀਅਰ ਰੈਜੀਡੈਂਟ ਹਾਜਰ ਨਾ ਕਰਵਾਇਆ ਜਾਵੇ।
12. ਇਸ ਸੰਸਥਾ ਦੇ ਵੱਖ ਵੱਖ ਵਿਭਾਗਾਂ ਵਿਚ ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਪਰੋਕਤ ਡਾਕਟਰਾਂ ਨੂੰ ਇਹ ਹੁਕਮ ਉਹਨਾਂ ਦੀ ਈ.ਮੇਲ ਪਤੇ ਤੇ ਭੇਜੇ ਜਾਂਦੇ ਹਨ।

22/6/23

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ